**ਰਾਗੁ ਸੂਹੀ ਮਹਲਾ ੫ ਛੰਤ ੴ ਸਤਿਗੁਰ ਪ੍ਰਸਾਦਿ ॥ ਮਿਠ ਬੋਲੜਾ ਜੀ ਹਰਿ ਸਜਣੁ ਸੁਆਮੀ ਮੋਰਾ ॥ ਹਉ ਸੰਮਲਿ ਥਕੀ ਜੀ ਓਹੁ ਕਦੇ ਨ ਬੋਲੈ ਕਉਰਾ ॥ ਕਉੜਾ ਬੋਲਿ ਨ ਜਾਨੈ ਪੂਰਨ ਭਗਵਾਨੈ ਅਉਗਣੁ ਕੋ ਨ ਚਿਤਾਰੇ ॥ ਪਤਿਤ ਪਾਵਨੁ ਹਰਿ ਬਿਰਦੁ ਸਦਾਏ ਇਕੁ ਤਿਲੁ ਨਹੀ ਭੰਨੈ ਘਾਲੇ ॥ ਘਟ ਘਟ ਵਾਸੀ ਸਰਬ ਨਿਵਾਸੀ ਨੇਰੈ ਹੀ ਤੇ ਨੇਰਾ ॥ ਨਾਨਕ ਦਾਸੁ ਸਦਾ ਸਰਣਾਗਤਿ ਹਰਿ ਅੰਮ੍ਰਿਤ ਸਜਣੁ ਮੇਰਾ ॥੧॥** {ਪੰਨਾ 784}

ਪਦਅਰਥ:- ਮਿਠ ਬੋਲੜਾ—ਮਿੱਠੇ ਬੋਲ ਬੋਲਣ ਵਾਲਾ। ਮੋਰਾ—ਮੇਰਾ। ਹਉ—ਹਉਂ, ਮੈਂ। ਸੰਮਲਿ—ਚੇਤਾ ਕਰ ਕਰ ਕੇ। ਕਉਰਾ—ਕੌੜਾ (ਬੋਲ)। ਬੋਲਿ ਨ ਜਾਨੈ—ਬੋਲਣਾ ਜਾਣਦਾ ਹੀ ਨਹੀਂ। ਅਉਗਣੁ ਕੋ—ਕੋਈ ਭੀ ਔਗੁਣ। ਚਿਤਾਰੇ—ਚੇਤੇ ਰੱਖਦਾ। ਪਤਿਤ ਪਾਵਨੁ—ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ। ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ। ਸਦਾਏ—ਅਖਵਾਂਦਾ ਹੈ। ਤਿਲੁ—ਰਤਾ ਭਰ ਭੀ। ਭੰਨੈ—ਭੰਨਦਾ, ਵਿਅਰਥ ਜਾਣ ਦੇਂਦਾ। ਘਾਲੇ—ਕੀਤੀ ਘਾਲ ਨੂੰ, ਕਿਸੇ ਦੀ ਕੀਤੀ ਮਿਹਨਤ ਨੂੰ। ਘਟ—ਸਰੀਰ। ਨੇਰੈ ਹੀ ਤੇ ਨੇਰਾ—ਨੇੜੇ ਤੋਂ ਨੇੜੇ, ਬਹੁਤ ਹੀ ਨੇੜੇ। ਸਰਣਾਗਤਿ—ਸਰਨ ਵਿਚ ਆਇਆ ਰਹਿੰਦਾ ਹੈ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ।1।

ਅਰਥ:- ਹੇ ਭਾਈ! ਮੇਰਾ ਮਾਲਕ-ਪ੍ਰਭੂ ਮਿੱਠੇ ਬੋਲ ਬੋਲਣ ਵਾਲਾ ਪਿਆਰਾ ਮਿੱਤਰ ਹੈ। ਮੈਂ ਚੇਤੇ ਕਰ ਕਰ ਕੇ ਥੱਕ ਗਈ ਹਾਂ (ਕਿ ਉਸ ਦਾ ਕਦੇ ਕੌੜਾ ਬੋਲ ਬੋਲਿਆ ਯਾਦ ਆ ਜਾਏ, ਪਰ) ਉਹ ਕਦੇ ਭੀ ਕੌੜਾ ਬੋਲ ਨਹੀਂ ਬੋਲਦਾ।

ਹੇ ਭਾਈ! ਉਹ ਸਾਰੇ ਗੁਣਾਂ ਨਾਲ ਭਰਪੂਰ ਭਗਵਾਨ ਕੌੜਾ (ਖਰਵਾ) ਬੋਲਣਾ ਜਾਣਦਾ ਹੀ ਨਹੀਂ, (ਕਿਉਂਕਿ ਉਹ ਸਾਡਾ) ਕੋਈ ਭੀ ਔਗੁਣ ਚੇਤੇ ਹੀ ਨਹੀਂ ਰੱਖਦਾ। ਉਹ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ—ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਦੱਸਿਆ ਜਾਂਦਾ ਹੈ, (ਅਤੇ ਉਹ ਕਿਸੇ ਦੀ ਭੀ) ਕੀਤੀ ਘਾਲ-ਕਮਾਈ ਨੂੰ ਰਤਾ ਭਰ ਭੀ ਵਿਅਰਥ ਨਹੀਂ ਜਾਣ ਦੇਂਦਾ।

ਹੇ ਭਾਈ! ਮੇਰਾ ਸੱਜਣ ਹਰੇਕ ਸਰੀਰ ਵਿਚ ਵੱਸਦਾ ਹੈ, ਸਭ ਜੀਵਾਂ ਵਿਚ ਵੱਸਦਾ ਹੈ, ਹਰੇਕ ਜੀਵ ਦੇ ਅੱਤ ਨੇੜੇ ਵੱਸਦਾ ਹੈ। ਦਾਸ ਨਾਨਕ ਸਦਾ ਉਸ ਦੀ ਸਰਨ ਪਿਆ ਰਹਿੰਦਾ ਹੈ। ਹੇ ਭਾਈ! ਮੇਰਾ ਸੱਜਣ ਪ੍ਰਭੂ ਆਤਮਕ ਜੀਵਨ ਦੇਣ ਵਾਲਾ ਹੈ।1।